**ਦੇਵਗੰਧਾਰੀ ਮਹਲਾ ੫ ॥ ਹਰਿ ਜਪਿ ਸੇਵਕੁ ਪਾਰਿ ਉਤਾਰਿਓ ॥ ਦੀਨ ਦਇਆਲ ਭਏ ਪ੍ਰਭ ਅਪਨੇ ਬਹੁੜਿ ਜਨਮਿ ਨਹੀ ਮਾਰਿਓ ॥੧॥ ਰਹਾਉ ॥ ਸਾਧਸੰਗਮਿ ਗੁਣ ਗਾਵਹ ਹਰਿ ਕੇ ਰਤਨ ਜਨਮੁ ਨਹੀ ਹਾਰਿਓ ॥ ਪ੍ਰਭ ਗੁਨ ਗਾਇ ਬਿਖੈ ਬਨੁ ਤਰਿਆ ਕੁਲਹ ਸਮੂਹ ਉਧਾਰਿਓ ॥ ੧॥ ਚਰਨ ਕਮਲ ਬਸਿਆ ਰਿਦ ਭੀਤਰਿ ਸਾਸਿ ਗਿਰਾਸਿ ਉਚਾਰਿਓ ॥ ਨਾਨਕ ਓਟ ਗਹੀ ਜਗਦੀਸੁਰ ਪੁਨਹ ਪੁਨਹ ਬਲਿਹਾਰਿਓ ॥੨॥੪॥੩੦॥** {ਪੰਨਾ 534}

ਪਦਅਰਥ:- ਜਪਿ—ਜਪ ਕੇ। ਪਾਰਿ ਉਤਾਰਿਓ—ਪਾਰ ਲੰਘਾ ਲਿਆ ਜਾਂਦਾ ਹੈ। ਬਹੁੜਿ—ਮੁੜ। ਜਨਮਿ—ਜਨਮ ਵਿਚ। ਨਹੀ ਮਾਰਿਓ—ਨਹੀਂ ਮਾਰਿਆ ਜਾਂਦਾ।1। ਰਹਾਉ।

ਸੰਗਮਿ—ਮਿਲਾਪ ਵਿਚ। ਗਾਵਹ—ਆਓ ਅਸੀਂ ਗਾਵੀਏ {ਵਰਤਮਾਨ ਕਾਲ, ਉੱਤਮ ਪੁਰਖ, ਬਹੁ-ਵਚਨ}। ਗਾਇ—ਗਾ ਕੇ। ਬਿਖੈ ਬਨੁ—ਵਿਸ਼ਿਆਂ ਦੇ ਜ਼ਹਿਰ ਵਾਲਾ ਜਲ {vnz kwnny jly}। ਕੁਲਹ ਸਮੂਹ—ਸਾਰੀਆਂ ਕੁਲਾਂ।1।

ਰਿਦ—ਹਿਰਦਾ। ਸਾਸਿ ਗਿਰਾਸਿ—ਹਰੇਕ ਸਾਹ ਤੇ ਗਿਰਾਹੀ ਦੇ ਨਾਲ। ਓਟ—ਆਸਰਾ। ਗਹੀ—ਫੜੀ। ਜਗਦੀਸੁਰ—ਜਗਤ ਦੇ ਈਸ਼੍ਵਰ ਦਾ। ਪੁਨਹ ਪੁਨਹ—ਮੁੜ ਮੁੜ।2।

ਅਰਥ:- ਹੇ ਭਾਈ! ਪਰਮਾਤਮਾ ਦਾ ਨਾਮ ਜਪ ਕੇ ਪਰਮਾਤਮਾ ਦਾ ਸੇਵਕ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲਿਆ ਜਾਂਦਾ ਹੈ। ਦੀਨਾਂ ਉਤੇ ਦਇਆ ਕਰਨ ਵਾਲੇ ਪ੍ਰਭੂ ਉਸ ਸੇਵਕ ਦੇ ਆਪਣੇ ਬਣ ਜਾਂਦੇ ਹਨ, ਪ੍ਰਭੂ ਉਸ ਨੂੰ ਮੁੜ ਮੁੜ ਜਨਮ ਮਰਨ ਵਿਚ ਨਹੀਂ ਪਾਂਦਾ।1। ਰਹਾਉ।

ਹੇ ਭਾਈ! ਆਓ ਅਸੀਂ ਗੁਰੂ ਦੀ ਸੰਗਤਿ ਵਿਚ ਬੈਠ ਕੇ ਪਰਮਾਤਮਾ ਦੇ ਗੁਣ ਗਾਵੀਏ। ਹੇ ਭਾਈ! ਪ੍ਰਭੂ ਦਾ ਸੇਵਕ (ਗੁਣ ਗਾ ਕੇ) ਆਪਣਾ ਸ੍ਰੇਸ਼ਟ ਮਨੁੱਖਾ ਜਨਮ ਅਜਾਈਂ ਨਹੀਂ ਗਵਾਂਦਾ। ਪ੍ਰਭੂ ਦੇ ਗੁਣ ਗਾ ਕੇ ਸੇਵਕ ਵਿਸ਼ਿਆਂ ਦੇ ਜਲ ਨਾਲ ਭਰੇ ਸੰਸਾਰ-ਸਮੁੰਦਰ ਤੋਂ ਆਪ ਪਾਰ ਲੰਘ ਜਾਂਦਾ ਹੈ, ਆਪਣੀਆਂ ਸਾਰੀਆਂ ਕੁਲਾਂ ਨੂੰ ਭੀ (ਉਸ ਵਿਚ ਡੁੱਬਣੋਂ) ਬਚਾ ਲੈਂਦਾ ਹੈ।1।

ਹੇ ਭਾਈ! ਸੇਵਕ ਦੇ ਹਿਰਦੇ ਵਿਚ ਪਰਮਾਤਮਾ ਦੇ ਸੋਹਣੇ ਚਰਨ ਸਦਾ ਵੱਸਦੇ ਰਹਿੰਦੇ ਹਨ, ਸੇਵਕ ਹਰੇਕ ਸਾਹ ਨਾਲ ਹਰੇਕ ਗਿਰਾਹੀ ਨਾਲ ਪਰਮਾਤਮਾ ਦਾ ਨਾਮ ਜਪਦਾ ਰਹਿੰਦਾ ਹੈ। ਹੇ ਨਾਨਕ! ਸੇਵਕ ਨੇ ਜਗਤ ਦੇ ਮਾਲਕ ਪਰਮਾਤਮਾ ਦਾ ਆਸਰਾ ਲਿਆ ਹੁੰਦਾ ਹੈ, ਮੈਂ ਉਸ ਸੇਵਕ ਤੋਂ ਮੁੜ ਮੁੜ ਕੁਰਬਾਨ ਜਾਂਦਾ ਹਾਂ।2।4। 30।